ਗਉੜੀ ਮਹਲਾ ੫ ॥ ਤੁਮਰੀ ਕ੍ਰਿਪਾ ਤੇ ਜਪੀਐ ਨਾਉ ॥ ਤੁਮਰੀ ਕ੍ਰਿਪਾ ਤੇ ਦਰਗਹ ਥਾਉ ॥੧॥ ਤੁਝ ਬਿਨੁ ਪਾਰਬ੍ਰਹਮ ਨਹੀ ਕੋਇ ॥ ਤੁਮਰੀ ਕ੍ਰਿਪਾ ਤੇ ਸਦਾ ਸੁਖੁ ਹੋਇ ॥ ੧॥ ਰਹਾਉ ॥ ਤੁਮ ਮਨਿ ਵਸੇ ਤਉ ਦੂਖੁ ਨ ਲਾਗੈ ॥ ਤੁਮਰੀ ਕ੍ਰਿਪਾ ਤੇ ਭ੍ਰਮੁ ਭਉ ਭਾਗੈ ॥ ੨॥ ਪਾਰਬ੍ਰਹਮ ਅਪਰੰਪਰ ਸੁਆਮੀ ॥ ਸਗਲ ਘਟਾ ਕੇ ਅੰਤਰਜਾਮੀ ॥੩॥ ਕਰਉ ਅਰਦਾਸਿ ਅਪਨੇ ਸਤਿਗੁਰ ਪਾਸਿ ॥ ਨਾਨਕ ਨਾਮੁ ਮਿਲੈ ਸਚੁ ਰਾਸਿ ॥੪॥੬੪॥੧੩੩॥ {ਪੰਨਾ 192}

ਪਦਅਰਥ:- ਤੇ—ਤੋਂ, ਨਾਲ। ਜਪੀਐ—ਜਪਿਆ ਜਾ ਸਕਦਾ ਹੈ। ਦਰਗਹ—(ਤੇਰੀ) ਹਜ਼ੂਰੀ ਵਿਚ। ਥਾਉ—ਥਾਂ, ਇੱਜ਼ਤ।1।

ਪਾਰਬ੍ਰਹਮ—ਹੇ ਪਾਰਬ੍ਰਹਮ ਪ੍ਰਭੂ! ਸੁਖੁ—ਆਤਮਕ ਆਨੰਦ।1। ਰਹਾਉ।

ਮਨਿ—ਮਨ ਵਿਚ। ਤਉ—ਤਾਂ। ਨ ਲਾਗੈ—ਪੋਹ ਨਹੀਂ ਸਕਦਾ। ਭ੍ਰਮੁ—ਭਟਕਣਾ।2।

ਅਪਰੰਪਰ—ਹੇ ਬੇਅੰਤ! ਘਟ—ਸਰੀਰ। ਅੰਤਰਜਾਮੀ—ਹੇ ਦਿਲ ਦੀ ਜਾਣਨ ਵਾਲੇ!।3।

ਕਰਉ—ਕਰਉਂ, ਮੈਂ ਕਰਦਾ ਹਾਂ। ਨਾਨਕ ਮਿਲੈ—ਨਾਨਕ ਨੂੰ ਮਿਲੇ। ਸਚੁ—ਸਦਾ ਕਾਇਮ ਰਹਿਣ ਵਾਲਾ। ਰਾਸਿ—ਸਰਮਾਇਆ।4।

ਅਰਥ:- ਹੇ ਪਾਰਬ੍ਰਹਮ ਪ੍ਰਭੂ! ਤੈਥੋਂ ਬਿਨਾ (ਜੀਵਾਂ ਦਾ ਹੋਰ) ਕੋਈ (ਆਸਰਾ) ਨਹੀਂ ਹੈ। ਤੇਰੀ ਕਿਰਪਾ ਨਾਲ ਹੀ (ਜੀਵ ਨੂੰ) ਸਦਾ ਲਈ ਆਤਮਕ ਆਨੰਦ ਮਿਲ ਸਕਦਾ ਹੈ।1। ਰਹਾਉ।

(ਹੇ ਪਾਰਬ੍ਰਹਮ ਪ੍ਰਭੂ!) ਤੇਰੀ ਮਿਹਰ ਨਾਲ ਹੀ (ਤੇਰਾ) ਨਾਮ ਜਪਿਆ ਜਾ ਸਕਦਾ ਹੈ। ਤੇਰੀ ਕਿਰਪਾ ਨਾਲ ਹੀ ਤੇਰੀ ਦਰਗਾਹ ਵਿਚ (ਜੀਵ ਨੂੰ) ਇੱਜ਼ਤ ਮਿਲ ਸਕਦੀ ਹੈ।1।

(ਹੇ ਪਾਰਬ੍ਰਹਮ ਪ੍ਰਭੂ!) ਜੇ ਤੂੰ (ਜੀਵ ਦੇ) ਮਨ ਵਿਚ ਆ ਵੱਸੇਂ ਤਾਂ (ਜੀਵ ਨੂੰ ਕੋਈ) ਦੁੱਖ ਪੋਹ ਨਹੀਂ ਸਕਦਾ, ਤੇਰੀ ਮਿਹਰ ਨਾਲ ਜੀਵ ਦੀ ਭਟਕਣਾ ਦੂਰ ਹੋ ਜਾਂਦੀ ਹੈ, ਜੀਵ ਦਾ ਡਰ-ਸਹਮ ਭੱਜ ਜਾਂਦਾ ਹੈ।2।

ਹੇ ਪਾਰਬ੍ਰਹਮ ਪ੍ਰਭੂ! ਹੇ ਬੇਅੰਤ ਪ੍ਰਭੂ! ਹੇ ਜਗਤ ਦੇ ਮਾਲਕ ਪ੍ਰਭੂ! ਹੇ ਸਾਰੇ ਜੀਵਾਂ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ!।3।
;

(ਜੇ ਤੇਰੀ ਮਿਹਰ ਹੋਵੇ ਤਾਂ ਹੀ) ਮੈਂ ਆਪਣੇ ਗੁਰੂ ਅੱਗੇ (ਇਹ) ਅਰਦਾਸ ਕਰ ਸਕਦਾ ਹਾਂ ਕਿ ਮੈਨੂੰ ਨਾਨਕ ਨੂੰ ਪ੍ਰਭੂ ਦਾ ਨਾਮ ਮਿਲੇ (ਨਾਨਕ ਵਾਸਤੇ ਨਾਮ ਹੀ) ਸਦਾ ਕਾਇਮ ਰਹਿਣ ਵਾਲਾ ਸਰਮਾਇਆ ਹੈ।4। 64।133।